# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ

**18:20**

**ਮਿਤੀ :12-09-2026**

**ਪਹਿਲਾਂ ਇਸ ਬੁਲੇਟੀਨ ਦੀਆਂ ਖਾਸ ਖਬਰਾਂ**

- 18ਵਾਂ ਬ੍ਰਿਕਸ ਸਿਖ਼ਰ ਸੰਮੇਲਨ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋਇਆ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ, ਭਾਰਤ ਦੀ ਬ੍ਰਿਕਸ ਪ੍ਰਧਾਨਗੀ, ਲੋਕ-ਕੇਂਦਰਿਤ ਪਹੁੰਚ 'ਤੇ ਅਧਾਰਤ ਏ।
- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਅੱਜ ਯੂਨੀਵਰਸਿਟੀਆਂ ਦੇ ਉਪ-ਕੁਲਪਤੀਆਂ ਨੂੰ ਉੱਚ ਸਿੱਖਿਆ, ਖੋਜ ਅਤੇ ਨਵੀਨਤਾ ਵਿੱਚ ਤਬਦੀਲੀ ਲਿਆਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਦੀ ਵਰਤੋਂ ਕਰਨ ਦਾ ਸੱਦਾ ਦਿੱਤਾ।
- ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ 9 ਹੋਰ ਅਜਿਹੇ ਅਪਰਾਧੀਆਂ ਨੂੰ ਦੇਸ਼ ਵਾਪਸ ਲਿਆਉਣ ਦੀ ਪ੍ਰਕਿਰਿਆ

ਸ਼ੁਰੂ ਕੀਤੀ ਏ, ਜੋ ਵਿਦੇਸ਼ਾਂ ਤੋਂ ਪੰਜਾਬ ਵਿੱਚ ਅਪਰਾਧਿਕ ਕਾਰਵਾਈਆਂ ਚਲਾ ਰਹੇ ਨੇ।

- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਅੱਜ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।
- ਭਾਰਤ, ਦੱਖਣੀ ਕੋਰੀਆ ਨੂੰ 5-1 ਨਾਲ ਹਰਾ ਕੇ, ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ ਪਹੁੰਚ ਗਿਆ ਏ।

**ਹੁਣ ਖਬਰਾਂ ਵਿਸਥਾਰ ਨਾਲ**

----------------------------------------------------

ਭਾਰਤ ਦੀ ਪ੍ਰਧਾਨਗੀ ਹੇਠ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ 18ਵਾਂ ਬ੍ਰਿਕਸ ਸਿਖਰ ਸੰਮੇਲਨ ਜਾਰੀ ਏ। ਸਿਖਰ ਸੰਮੇਲਨ ਦੇ ਉਦਘਾਟਨੀ ਸੈਸ਼ਨ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਬ੍ਰਿਕਸ (BRICS) ਨੇ ਪਿਛਲੇ 20 ਸਾਲਾਂ ਵਿੱਚ ਵਿਸ਼ਵ ਪੱਧਰ 'ਤੇ ਆਪਣੀ ਇੱਕ ਵੱਖਰੀ ਪਛਾਣ ਬਣਾਈ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੀ ਬ੍ਰਿਕਸ (BRICS) ਪ੍ਰਧਾਨਗੀ ਲੋਕ-ਕੇਂਦਰਿਤ ਪਹੁੰਚ 'ਤੇ

ਅਧਾਰਤ ਏ  ਜੋ ਮਨੁੱਖਤਾ ਨੂੰ ਪਹਿਲ ਦਿੰਦੀ ਏ , ਅਤੇ ਉਨ੍ਹਾਂ ਨੇ ਬ੍ਰਿਕਸ (BRICS) ਸਹਿਯੋਗ ਨੂੰ ਸਿੱਧੇ ਤੌਰ 'ਤੇ ਆਮ ਲੋਕਾਂ ਨਾਲ ਜੋੜਨ 'ਤੇ ਵਿਸ਼ੇਸ਼ ਜ਼ੋਰ ਦਿੱਤਾ।  BYTE

ਪ੍ਰਧਾਨ ਮੰਤਰੀ ਨੇ ਕਿਹਾ ਕਿ ਬ੍ਰਿਕਸ (BRICS) ਕਿਸੇ ਵੀ ਦੇਸ਼ ਦੇ ਵਿਰੁੱਧ ਨਹੀਂ ਏ । ਉਨ੍ਹਾਂ ਨੇ ਵਧੇਰੇ ਪ੍ਰਤੀਨਿਧਤਾ ਵਾਲੀ ਅਤੇ ਸਮਾਵੇਸ਼ੀ ਵਿਸ਼ਵ ਸ਼ਾਸਨ ਪ੍ਰਣਾਲੀ ਦੀ ਲੋੜ 'ਤੇ ਜ਼ੋਰ ਦਿੱਤਾ। ਸ੍ਰੀ ਮੋਦੀ ਨੇ ਵਿਸ਼ਵ ਸ਼ਾਸਨ ਪ੍ਰਣਾਲੀ ਵਿੱਚ ਸੁਧਾਰ ਲਈ ਦਸ-ਨੁਕਾਤੀ ਕਾਰਜ-ਯੋਜਨਾ ਦੀ ਤਜਵੀਜ ਰੱਖੀ ਅਤੇ ਕਿਹਾ ਕਿ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਸੁਧਾਰ ਨੂੰ ਹੁਣ ਹੋਰ ਨਹੀਂ ਟਾਲਿਆ ਜਾ ਸਕਦਾ।

---------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਯੂਨੀਵਰਸਿਟੀਆਂ ਦੇ ਉਪ-ਕੁਲਪਤੀਆਂ ਨੂੰ ਉੱਚ ਸਿੱਖਿਆ, ਖੋਜ ਅਤੇ ਨਵੀਨਤਾ ਵਿੱਚ ਤਬਦੀਲੀ ਲਿਆਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਦੀ ਵਰਤੋਂ ਕਰਨ ਦਾ ਸੱਦਾ ਦਿੱਤਾ, ਅਤੇ ਨਾਲ ਹੀ ਇਹ ਯਕੀਨੀ ਬਣਾਉਣ 'ਤੇ ਜ਼ੋਰ ਦਿੱਤਾ ਕਿ ਇਹ ਤਕਨਾਲੋਜੀ ਮਨੁੱਖ-ਕੇਂਦਰਿਤ, ਨੈਤਿਕ,

ਸਮਾਵੇਸ਼ੀ ਅਤੇ ਸਮਾਜਿਕ ਤੌਰ 'ਤੇ ਜ਼ਿੰਮੇਵਾਰ ਬਣੀ ਰਹੇ। ਪੰਜਾਬ ਲੋਕ ਭਵਨ ਵਿਖੇ "ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਉੱਚ ਸਿੱਖਿਆ" ਵਿਸ਼ੇ 'ਤੇ ਉਪ-ਕੁਲਪਤੀਆਂ ਦੀ ਕਾਨਫਰੰਸ ਨੂੰ ਸੰਬੋਧਨ ਕਰਦਿਆਂ, ਸ੍ਰੀ ਕਟਾਰੀਆ ਨੇ ਕਿਹਾ ਕਿ ਏ.ਆਈ. (AI) ਕ੍ਰਾਂਤੀ ਲੋਕਾਂ ਦੇ ਸਿੱਖਣ, ਕੰਮ ਕਰਨ, ਖੋਜ ਕਰਨ ਅਤੇ ਫੈਸਲੇ ਲੈਣ ਦੇ ਤਰੀਕਿਆਂ ਨੂੰ ਬਦਲ ਰਹੀ ਏ । ਉਨ੍ਹਾਂ ਨੇ AI ਨੂੰ ਇੱਕ ਅਜਿਹੀ ਪਰਿਵਰਤਨਕਾਰੀ ਸ਼ਕਤੀ ਵਜੋਂ ਦਰਸਾਇਆ ਜੋ ਆਉਣ ਵਾਲੇ ਦਹਾਕਿਆਂ ਵਿੱਚ ਭਾਰਤ ਦੀ ਆਰਥਿਕਤਾ ਅਤੇ ਸਮਾਜ ਨੂੰ ਕਾਫ਼ੀ ਹੱਦ ਤੱਕ ਪ੍ਰਭਾਵਿਤ ਕਰ ਸਕਦੀ ਏ । ਰਾਜਪਾਲ ਨੇ ਕਿਹਾ ਕਿ ਯੂਨੀਵਰਸਿਟੀਆਂ ਨੂੰ AI (ਆਰਟੀਫੀਸ਼ੀਅਲ ਇੰਟੈਲੀਜੈਂਸ) ਨੂੰ ਸਿਰਫ਼ ਇੰਜੀਨੀਅਰਿੰਗ ਅਤੇ ਕੰਪਿਊਟਰ ਸਾਇੰਸ ਦੇ ਵਿਸ਼ੇ ਵਜੋਂ ਹੀ ਨਹੀਂ ਦੇਖਣਾ ਚਾਹੀਦਾ, ਸਗੋਂ ਦਵਾਈ, ਖੇਤੀਬਾੜੀ, ਕਾਨੂੰਨ, ਵਿੱਤ, ਭਾਸ਼ਾਵਾਂ, ਸਮਾਜਿਕ ਵਿਗਿਆਨ ਅਤੇ ਹੋਰ ਖੇਤਰਾਂ ਵਿੱਚ ਵੀ AI ਸਿੱਖਿਆ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਏ । ਉਨ੍ਹਾਂ ਨੇ ਸੰਸਥਾਵਾਂ ਨੂੰ ਖੇਤੀਬਾੜੀ, ਸਿਹਤ ਸੰਭਾਲ, ਪਾਣੀ ਦੀ ਸੰਭਾਲ, ਸ਼ਾਸਨ ਅਤੇ ਵਾਤਾਵਰਣਕ ਚੁਣੌਤੀਆਂ ਲਈ AI-ਅਧਾਰਿਤ ਹੱਲ ਵਿਕਸਤ ਕਰਨ ਦਾ ਸੱਦਾ ਦਿੱਤਾ। ਚੰਡੀਗੜ੍ਹ ਪ੍ਰਸ਼ਾਸਨ ਦੇ ਖੇਡ ਡਾਇਰੈਕਟਰ ਸੌਰਭ

ਕੁਮਾਰ ਅਰੋੜਾ ਵੱਲੋਂ "MY Bharat –" ਬਾਰੇ ਇੱਕ ਪੇਸ਼ਕਾਰੀ ਵੀ ਦਿੱਤੀ ਗਈ।

------------------------------------------------------------

ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਅਨੁਸਾਰ ਅੱਜ ਪੰਜਾਬ ਭਰ ਵਿਚ ਲੋਕ ਅਦਾਲਤਾਂ ਲਗਾਈਆਂ ਗਈਆਂ। ਇਨ੍ਹਾਂ ਲੋਕ ਅਦਾਲਤਾਂ ਦੌਰਾਨ ਰਾਜੀਨਾਮਾ ਯੋਗ ਫੌਜਦਾਰੀ ਕੇਸ, ਚੈੱਕ ਬਾਊਂਸ ਕੇਸ, ਬੈਂਕ ਰਿਕਵਰੀ ਕੇਸ, ਵਿਵਾਹਿਕ ਝਗੜੇ, ਸਰਕਾਰੀ ਵਿਭਾਗਾਂ ਨਾਲ ਸਬੰਧਤ ਮਾਮਲੇ, ਅਤੇ ਹਰ ਤਰ੍ਹਾਂ ਦੇ ਦੀਵਾਨੀ ਕੇਸ ਵਿਚਾਰੇ ਨਿਪਟਾਏ ਗਏ । ਅਜਿਹੇ ਕੇਸ, ਜੋ ਅਜੇ ਕਿਸੇ ਵੀ ਅਦਾਲਤ ਵਿੱਚ ਦਾਇਰ ਨਹੀਂ ਕੀਤੇ ਗਏ ਅਤੇ ਉਪਰੋਕਤ ਸ਼੍ਰੇਣੀਆਂ ਅਧੀਨ ਆਉਂਦੇ ਨੇ , ਉਹ ਵੀ ਲੋਕ ਅਦਾਲਤ ਵਿੱਚ ਨਿਪਟਾਰੇ ਲਈ ਲਿਆਂਦੇ ਜਾ ਗਏ । ਸੂਬੇ ਭਰ ਦੇ ਜਿਲ੍ਹਿਆਂ ਵਿਚ ਇਹ ਅਦਾਲਤਾਂ ਜ਼ਿਲ੍ਹਾ ਅਤੇ ਸੈਸ਼ਨ ਜੱਜ ਦੀ ਅਗਵਾਈ ਵਿਚ ਲਗਾਈਆਂ ਗਈਆਂ ।

------------------------------------------------------------

ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ 9 ਹੋਰ ਅਜਿਹੇ ਅਪਰਾਧੀਆਂ ਨੂੰ ਹਵਾਲਗੀ ਰਾਹੀਂ ਵਾਪਸ ਲਿਆਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਏ , ਜੋ ਵਿਦੇਸ਼ਾਂ ਵਿੱਚ ਬੈਠ ਕੇ ਪੰਜਾਬ ਵਿੱਚ ਅਪਰਾਧ ਕਰ ਰਹੇ ਨੇ ।ਅੱਜ ਚੰਡੀਗੜ੍ਹ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਪੁਲਿਸ ਨੇ ਅਜਿਹੇ 21 ਹੋਰ ਵਿਅਕਤੀਆਂ ਨੂੰ ਹਵਾਲਗੀ ਰਾਹੀਂ ਵਾਪਸ ਲਿਆਉਣ ਲਈ ਕੇਂਦਰੀ ਸਰਕਾਰ ਨੂੰ ਤਜਵੀਜ਼ਾਂ ਭੇਜੀਆਂ ਨੇ , ਜੋ ਪੰਜਾਬ ਵਿੱਚ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਸਨ। ਇਸ ਦੌਰਾਨ, ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (AGTF) ਅਤੇ ਵਿਦੇਸ਼ਾਂ 'ਚ ਭਗੌੜਿਆਂ ਦੀ ਭਾਲ ਕਰਨ ਵਾਲੇ ਵਿਭਾਗ (OFTEC) ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ ਮੋਲਦੋਵਾ ਗਣਰਾਜ ਤੋਂ ਅੰਮ੍ਰਿਤਪਾਲ ਸਿੰਘ ਉਰਫ਼ ਅੰਮ੍ਰਿਤ ਦਾਲਮ ਨਾਮਕ ਫਰਾਰ ਅਪਰਾਧੀ ਨੂੰ ਹਵਾਲਗੀ ਰਾਹੀਂ ਵਾਪਸ ਲਿਆਉਣ ਵਿੱਚ ਸਫਲਤਾ ਹਾਸਲ ਕੀਤੀ ਏ । ਮੁਲਜ਼ਮ ਇੱਕ ਬਦਨਾਮ ਗੈਂਗ ਦਾ ਅਹਿਮ ਮੈਂਬਰ ਏ ਅਤੇ ਕਤਲ, ਕਤਲ ਦੀ ਕੋਸ਼ਿਸ਼, ਗੈਰ-ਕਾਨੂੰਨੀ ਗਤੀਵਿਧੀਆਂ (ਰੋਕਥਾਮ) ਐਕਟ (UAPA), ਅਸਲਾ ਐਕਟ ਅਤੇ ਨਸ਼ੀਲੇ ਪਦਾਰਥਾਂ ਨਾਲ ਸਬੰਧਤ ਅਪਰਾਧਾਂ ਦੇ ਕਈ ਮਾਮਲਿਆਂ ਵਿੱਚ ਲੋੜੀਂਦਾ ਸੀ। ਪੰਜਾਬ ਪੋਲਿਸ ਦੇ ਡਾਇਰੈਕਟਰ ਜਨਰਲ (DGP) ਗੌਰਵ ਯਾਦਵ ਨੇ ਜਾਣਕਾਰੀ ਦਿੰਦਿਆਂ ਕਿਹਾ ਸੀ ਕਿ ਇਹ ਪੰਜਾਬ ਪੁਲਿਸ ਵੱਲੋਂ ਕਿਸੇ ਯੂਰਪੀ ਦੇਸ਼ ਤੋਂ ਅਪਰਾਧੀ ਨੂੰ ਹਵਾਲਗੀ ਰਾਹੀਂ ਵਾਪਸ ਲਿਆਉਣ ਦਾ ਦਾ ਇਹ ਪਹਿਲਾ ਮਾਮਲਾ ਏ ।

---------------------------------------------------

ਧੰਨ-ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਨੂੰ

ਸਮਰਪਿਤ ਧਾਰਮਿਕ ਸਮਾਗਮਾਂ ਦੀ ਲੜੀ ਤਹਿਤ ਅੱਜ ਅੰਮ੍ਰਿਤਸਰ ਵਿੱਚ ਪੁਰਾਤਨ ਪਰੰਪਰਾ ਅਨੁਸਾਰ ਨਗਰ ਕੀਰਤਨ ਸਜਾਇਆ ਗਿਆ। ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਤੋਂ ਸੱਚਖੰਡ ਸ੍ਰੀ ਦਰਬਾਰ ਸਾਹਿਬ ਤੱਕ ਸਜਾਏ ਗਏ ਇਸ ਨਗਰ ਕੀਰਤਨ ਦੀ ਰਵਾਨਗੀ ਮੌਕੇ ਪੂਰਾ ਮਾਹੌਲ ਗੁਰਬਾਣੀ ਕੀਰਤਨ ਅਤੇ ਸਤਿਨਾਮ ਵਾਹਿਗੁਰੂ ਦੇ ਜਾਪ ਨਾਲ ਗੂੰਜ ਉੱਠਿਆ। ਗੁਰਦੁਆਰਾ ਸ੍ਰੀ ਰਾਮਸਰ ਸਾਹਿਬ ਵਿਖੇ ਸਵੇਰ ਤੋਂ ਹੀ ਸੰਗਤਾਂ ਦੀ ਆਮਦ ਸ਼ੁਰੂ ਹੋ ਗਈ ਸੀ। ਗੁਰਬਾਣੀ ਕੀਰਤਨ, ਅਰਦਾਸ ਅਤੇ ਧਾਰਮਿਕ ਸਮਾਗਮਾਂ ਤੋਂ ਬਾਅਦ ਪੂਰੀ ਗੁਰਮਰਿਆਦਾ ਅਨੁਸਾਰ ਪਾਵਨ ਸਰੂਪ ਨੂੰ ਸੁੰਦਰ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਕਰਕੇ, ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਦੀ ਰਵਾਨਗੀ ਕੀਤੀ ਗਈ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਨੇ ਕਿਹਾ **BYTE**<<<<<>>>>

ਓਧਰ ਸ੍ਰੀ ਮੁਕਤਸਰ ਸਾਹਿਬ ਵਿੱਚ, ਸ੍ਰੀ ਦਰਬਾਰ ਸਾਹਿਬ ਵਿਖੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੂਰਬ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ 'ਚ ਸੰਗਤਾਂ ਨਤਮਸਤਕ ਹੋਈਆ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪਹਿਲੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ, ਗੁਰੂ ਸਾਹਿਬ ਅੱਗੇ ਸਰਬੱਤ ਦੇ

ਭਲੇ, ਸੁਖ-ਸ਼ਾਂਤੀ ਅਤੇ ਚੜ੍ਹਦੀ ਕਲਾ ਦੀ ਅਰਦਾਸ ਕੀਤੀ। ਲੋਕ ਸਭਾ ਦੇ ਸਪੀਕਰ ਓਮ ਬਿਰਲਾ, ਗ੍ਰਿਹ ਮੰਤਰੀ ਅਮਿਤ ਸ਼ਾਹ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਪ੍ਰਕਾਸ਼ ਪੁਰਬ ਮੌਕੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਹਿਲੇ ਪ੍ਰਕਾਸ਼ ਪੁਰਬ ਦੀਆਂ ਦੇਸ਼-ਵਿਦੇਸ਼ ਵਿੱਚ ਵੱਸਦੀਆਂ ਸਮੂਹ ਸੰਗਤਾਂ ਨੂੰ ਵਧਾਈ ਦਿੱਤੀ ਸੀ ।

---------------------------------------------------------------

ਪੰਜਾਬ ਵਿੱਚ ਅੱਜ ਸਾਰਾਗੜ੍ਹੀ ਦਿਵਸ ਦੇ ਮੌਕੇ 'ਅੱਜ , ਫਿਰੋਜ਼ਪੁਰ ਸਥਿਤ ਯਾਦਗਾਰ ਵਿਖੇ ਸਾਰਾਗੜ੍ਹੀ ਦੀ ਜੰਗ ਦੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਅੰਮ੍ਰਿਤਸਰ ਵਿੱਚ, 21 ਬਰਤਾਨਵੀ - ਭਾਰਤੀ ਸਿੱਖ ਸੈਨਿਕਾਂ ਦੀ ਯਾਦ ਵਿੱਚ ਸਾਰਾਗੜ੍ਹੀ ਗੁਰਦੁਆਰੇ ਵਿਖੇ ਅਖੰਡ ਪਾਠ ਸਾਹਿਬ ਦਾ ਭੋਗ ਪਾਇਆ ਗਿਆ। ਉਨ੍ਹਾਂ ਨੇ 12 ਸਤੰਬਰ 1897 ਨੂੰ ਵਜ਼ੀਰਿਸਤਾਨ ਵਿੱਚ ਸਾਰਾਗੜ੍ਹੀ ਕਿਲ੍ਹੇ ਦੀ ਰੱਖਿਆ ਕਰਦਿਆਂ 10 ਹਜ਼ਾਰ ਅਫ਼ਗਾਨ ਕਬਾਇਲੀਆਂ ਨਾਲ ਲੜਦੀਆਂ ਹੋਏ ਆਪਣੀ ਸਰਵਉੱਚ ਕੁਰਬਾਨੀ ਦਿੱਤੀ। **ਹੋਰ ਵੇਰਵੇ ਨਾਲ ਪੇਸ਼ ਏ ਸਾਡੇ**

**ਪੱਤਰਕਾਰ ਦੀ ਇੱਕ ਰਿਪੋਰਟ:**

*ਸਾਰਾਗੜ੍ਹੀ ਦੀ ਜੰਗ ਵਿਸ਼ਵ ਫੌਜੀ ਇਤਿਹਾਸ ਦੀਆਂ ਸਭ ਤੋਂ ਬੇਮਿਸਾਲ ਲੜਾਈਆਂ ਵਿੱਚੋਂ ਇੱਕ ਏ । ਅਜ ਤੋਂ 129 ਸਾਲ ਪਹਿਲਾਂ ਸਿੱਖ ਰੈਜੀਮੈਂਟ ਦੇ ਹਵਾਲਦਾਰ ਈਸ਼ਰ ਸਿੰਘ ਦੀ ਅਗਵਾਈ ਹੇਠ ਇਨ੍ਹਾਂ 21 ਬਹਾਦਰ ਸਿੱਖ ਸੈਨਿਕਾਂ ਨੇ ਮੌਜੂਦਾ ਪਾਕਿਸਤਾਨ ਵਿੱਚ ਸਥਿਤ ਖੈਬਰ ਪਖਤੂਨਖਵਾ ਦੇ ਸਮਾਣਾ ਪਿੰਡ ਵਿੱਚ ਅਫ਼ਗਾਨੀ ਕਬਾਇਲੀਆਂ ਵਿਰੁੱਧ ਆਪਣੇ ਆਖਰੀ ਸਾਹਾਂ ਤੱਕ ਲੜਾਈ ਲੜੀ ਸੀ। ਉਨ੍ਹਾਂ ਨੇ ਸੈਂਕੜੇ ਅਫ਼ਗਾਨੀ ਕਬਾਇਲੀਆਂ ਨੂੰ ਮਾਰ ਕੇ ਸਾਰਾਗੜ੍ਹੀ ਕਿਲ੍ਹੇ 'ਤੇ ਕਬਜ਼ਾ ਕਰਨ ਦੀਆਂ ਉਨ੍ਹਾਂ ਦੀਆਂ ਕੋਸ਼ਿਸ਼ਾਂ ਨੂੰ ਨਾਕਾਮ ਕਰ ਦਿੱਤਾ ਸੀ । ਇਸ ਯੁੱਧ ਵਿੱਚ ਮਰਨ ਵਾਲੇ ਇਹ ਬਹਾਦਰ ਜ਼ਿਆਦਾਤਰ ਪੰਜਾਬ ਦੇ ਮਾਝਾ ਖੇਤਰ ਦੇ ਸਨ। ਉਨ੍ਹਾਂ ਨੂੰ ਉਸ ਸਮੇਂ ਦੇ ਸਭ ਤੋਂ ਉੱਚੇ ਭਾਰਤੀ ਫੌਜੀ ਬਹਾਦਰੀ ਪੁਰਸਕਾਰ, ਇੰਡੀਅਨ ਆਰਡਰ ਆਫ਼ ਮੈਰਿਟ ਨਾਲ ਸਨਮਾਨਿਤ ਕੀਤਾ ਗਿਆ ਸੀ। ਇਹ ਪੁਰਸਕਾਰ ਵਰਤਮਾਨ ਵਿੱਚ ਪਰਮਵੀਰ ਚੱਕਰ ਦੇ ਬਰਾਬਰ ਏ । ਇਹ ਸੈਨਿਕ ਉਸ ਸਮੇਂ ਦੀ 36ਵੀਂ ਸਿੱਖ ਰੈਜੀਮੈਂਟ ਦਾ ਹਿੱਸਾ ਸਨ ਜਿਸਨੂੰ ਹੁਣ ਭਾਰਤੀ ਫੌਜ ਦੀ ਚੌਥੀ ਸਿੱਖ ਰੈਜੀਮੈਂਟ ਵਜੋਂ ਜਾਣਿਆ ਜਾਂਦਾ ਏ । <><<> ਆਕਾਸ਼ਵਾਣੀ ਖ਼ਬਰਾਂ ਲਈ ਜਲੰਧਰ ਤੋਂ ਮੈਂ ਰਾਜੇਸ਼ ਬਾਲੀ*

---------------------------------------------------------------

ਭਾਰਤ ਨੇ ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ, ਆਪਣੀ ਥਾਂ ਪੱਕੀ ਕਰ ਲਈ ਏ। ਚੀਨ ਦੇ ਮੋਕੀ ਵਿਖੇ ਖੇਡੇ ਗਏ ਪਹਿਲੇ ਸੈਮੀਫਾਈਨਲ ਵਿੱਚ, ਭਾਰਤ ਨੇ ਦੱਖਣੀ ਕੋਰੀਆ ਨੂੰ 5-1 ਨਾਲ ਹਰਾਇਆ। ਭਾਰਤ ਵੱਲੋਂ ਸੁਪਰੀਆ ਨੇ ਏ ਟ੍ਰਿਕ ਲਗਾਈ, ਜਦਕਿ ਮਧੂ ਅਤੇ ਸੁਖਵੀਰ ਕੌਰ ਨੇ ਇੱਕ-ਇੱਕ ਗੋਲ ਕੀਤਾ।

---

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਕੱਲ੍ਹ ਤੋਂ 15 ਸਤੰਬਰ ਤੱਕ ਕੁਝ ਥਾਵਾਂ ਤੇ ਭਾਰੀ ਬਾਰਿਸ਼ ਦਾ ਯੈਲੋ ਅਲਰਟ ਜਾਰੀ ਕੀਤਾ ਏ। ਪੰਜਾਬ ਵਿੱਚ ਜ਼ਿਆਦਾ ਪ੍ਰਭਾਵਿਤ ਹੋਣ ਵਾਲੇ ਜਿਲ੍ਹਿਆਂ 'ਚ ਪਠਾਨਕੋਟ, ਗੁਰਦਾਸਪੁਰ ਤੇ ਹੁਸ਼ਿਆਰਪੁਰ ਸ਼ਾਮਲ ਨੇ। ਅੱਜ ਜਲੰਧਰ ਸਮੇਤ ਸੂਬੇ ਦੇ ਕਈ ਹਿੱਸਿਆਂ ਵਿੱਚ ਬਾਰਿਸ਼ ਹੋਈ ਏ।

---

- 18ਵਾਂ ਬ੍ਰਿਕਸ ਸਿਖ਼ਰ ਸੰਮੇਲਨ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਸ਼ੁਰੂ ਹੋਇਆ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਉਦਘਾਟਨੀ ਸਮਾਗਮ ਨੂੰ ਸੰਬੋਧਨ ਕਰਦਿਆਂ ਕਿਹਾ ਕਿ, ਭਾਰਤ ਦੀ ਬ੍ਰਿਕਸ ਪ੍ਰਧਾਨਗੀ, ਲੋਕ-ਕੇਂਦਰਿਤ ਪਹੁੰਚ 'ਤੇ ਅਧਾਰਤ ਏ।
- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਅੱਜ ਯੂਨੀਵਰਸਿਟੀਆਂ ਦੇ ਉਪ-ਕੁਲਪਤੀਆਂ ਨੂੰ ਉੱਚ ਸਿੱਖਿਆ, ਖੋਜ ਅਤੇ ਨਵੀਨਤਾ ਵਿੱਚ ਤਬਦੀਲੀ ਲਿਆਉਣ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ (AI) ਦੀ ਵਰਤੋਂ ਕਰਨ ਦਾ ਸੱਦਾ ਦਿੱਤਾ।

- ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਦੇ ਸਹਿਯੋਗ ਨਾਲ 9 ਹੋਰ ਅਜਿਹੇ ਅਪਰਾਧੀਆਂ ਨੂੰ ਦੇਸ਼ ਵਾਪਸ ਲਿਆਉਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਏ, ਜੋ ਵਿਦੇਸ਼ਾਂ ਤੋਂ ਪੰਜਾਬ ਵਿੱਚ ਅਪਰਾਧਿਕ ਕਾਰਵਾਈਆਂ ਚਲਾ ਰਹੇ ਨੇ।
- ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਹਿਲਾ ਪ੍ਰਕਾਸ਼ ਪੁਰਬ ਅੱਜ ਪੂਰੀ ਧਾਰਮਿਕ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।
- ਭਾਰਤ, ਦੱਖਣੀ ਕੋਰੀਆ ਨੂੰ 5-1 ਨਾਲ ਹਰਾ ਕੇ, ਮਹਿਲਾ ਜੂਨੀਅਰ ਏਸ਼ੀਆ ਕੱਪ ਹਾਕੀ ਟੂਰਨਾਮੈਂਟ ਦੇ ਫਾਈਨਲ ਵਿੱਚ ਪਹੁੰਚ ਗਿਆ ਏ।

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ, ਸਾਡਾ ਅਗਲਾ ਰਾਸ਼ਟਰੀ ਖਬਰਾਂ ਦਾ ਬੁਲੇਟਿਨ ਸ਼ਾਮੀਂ ਸਾਢੇ 7 ਵਜੇ ਹੋਏਗਾ. ਨਮਸਕਾਰ!**